
# ਅਜੀਤ ਪੰਜਾਬ 3

ਅਜੀਤ, ਜਲੰਧਰ ਸੋਮਵਾਰ, 13 ਦਸੰਬਰ, 2021

ਰਾਣਾ ਇੰਦਰ ਪ੍ਰਤਾਪ ਸਿੰਘ ਦੇ ਚੋਣ ਦਫ਼ਤਰ ਦੇ ਉਦਘਾਟਨ ਮੌਕੇ ਅਰਦਾਸ 'ਚ ਸ਼ਾਮਿਲ ਸੰਗਤਾਂ। ਤਸਵੀਰ: ਲਾਡੀ ਸਟੂਡੀਓ



ਹਰਮੋਹਨ ਸਿੰਘ ਸੰਧੂ ਨੂੰ ਬਸਪਾ 'ਚ ਸ਼ਾਮਿਲ ਕਰਦੇ ਹੋਏ ਜਸਵੀਰ ਸਿੰਘ ਗੜ੍ਹੀ, ਨਾਲ ਹਰਜੀਤ ਸਿੰਘ ਲੌਂਗੀਆ, ਰਾਜਾ ਰਜਿੰਦਰ ਸਿੰਘ ਨਨਹੇੜੀਆਂ, ਨਰਿੰਦਰ ਸਿੰਘ ਵਡਵਾਲੀ, ਦਰਸ਼ਨ ਸਿੰਘ ਸਮਾਣਾ ਤੇ ਹੋਰ। ਅਜੀਤ ਤਸਵੀਰ

# ਹਰਮੋਹਨ ਸਿੰਘ ਸੰਧੂ ਬਸਪਾ 'ਚ ਸ਼ਾਮਿਲ

### ਹਲਕਾ ਚਮਕੌਰ ਸਾਹਿਬ ਤੋਂ ਹੋਣਗੇ ਪਾਰਟੀ ਦੇ ਉਮੀਦਵਾਰ, 2 ਹੋਰ ਉਮੀਦਵਾਰ ਵੀ ਐਲਾਨੇ

ਜਲੰਧਰ, 12 ਦਸੰਬਰ (ਜਸਪਾਲ ਸਿੰਘ)-ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਦੀ ਸੂਬਾ ਕਾਰਜਕਾਰੀ ਦੀ ਅਹਿਮ ਮੀਟਿੰਗ ਪਾਰਟੀ ਦਫ਼ਤਰ ਜਲੰਧਰ ਵਿਖੇ ਹੋਈ, ਜਿਸ ਦੌਰਾਨ ਸਾਬਕਾ ਪੁਲਿਸ ਅਧਿਕਾਰੀ ਹਰਮੋਹਨ ਸਿੰਘ ਸੰਧੂ ਨੂੰ ਪਾਰਟੀ 'ਚ ਸ਼ਾਮਿਲ ਕਰਦਿਆਂ ਹਲਕਾ ਚਮਕੌਰ ਸਾਹਿਬ ਤੋਂ ਬਸਪਾ ਦਾ ਉਮੀਦਵਾਰ ਐਲਾਨਿਆ ਗਿਆ। ਇਸ ਨਾਲ ਹੀ ਬਸਪਾ ਦੇ ਹਿੱਸੇ ਦੀਆਂ ਕੁੱਲ 20 ਸੀਟਾਂ 'ਚੋਂ 17 ਸੀਟਾਂ ਦਾ ਐਲਾਨ ਕੀਤਾ ਜਾ ਚੁੱਕਾ ਹੈ। ਇਸ ਮੌਕੇ ਜਸਵੀਰ ਸਿੰਘ ਗੜ੍ਹੀ ਨੇ ਅਧਿਕਾਰਕ ਤੌਰ 'ਤੇ ਜਲੰਧਰ ਉੱਤਰੀ ਤੋਂ ਕੁਲਦੀਪ ਸਿੰਘ ਲੁਬਾਣਾ, ਦੀਨਾਨਗਰ ਰਿਜ਼ਰਵ ਤੋਂ ਕਮਲਜੀਤ ਸਿੰਘ ਚਾਵਲਾ ਅਤੇ ਚਮਕੌਰ ਸਾਹਿਬ ਤੋਂ ਹਰਮੋਹਨ ਸਿੰਘ ਸੰਧੂ ਨੂੰ ਉਮੀਦਵਾਰ ਐਲਾਨਿਆ। ਅਕਾਲੀ ਦਲ ਤੋਂ ਸਖ਼ਤ ਨਰਾਜ ਚਲ ਰਹੇ ਹਰਮੋਹਨ ਸਿੰਘ ਸੰਧੂ ਨੇ ਪਹਿਲਾ ਹੀ ਅਕਾਲੀ ਦਲ ਤੋਂ ਅਸਤੀਫ਼ਾ ਦੇ ਦਿੱਤਾ ਸੀ, ਜਿਨ੍ਹਾਂ ਦੇ ਮਾਤਾ ਸਤਵੰਤ ਕੌਰ ਸੰਧੂ ਅਕਾਲੀ ਸਰਕਾਰ 'ਚ ਕੈਬਿਨਟ ਮੰਤਰੀ ਤੇ ਪੰਜ ਵਾਰ ਵਿਧਾਇਕ ਸਨ ਅਤੇ ਪਿਤਾ ਅਜਾਇਬ ਸਿੰਘ ਸੰਧੂ ਦੋ ਵਾਰ ਚਮਕੌਰ ਸਾਹਿਬ ਤੋਂ ਵਿਧਾਇਕ ਰਹੇ ਸਨ। ਹਰਮੋਹਨ ਸਿੰਘ ਸੰਧੂ ਭਾਰਤੀ ਪੁਲਿਸ ਸੇਵਾ 'ਚ ਸਨ ਤੇ ਉਨ੍ਹਾਂ ਐੱਸ. ਐੱਸ. ਪੀ. ਦੇ ਅਹੁਦੇ ਤੋਂ ਅਸਤੀਫਾ ਦਿੱਤਾ ਸੀ। ਇਸ ਮੌਕੇ ਬਸਪਾ ਪੰਜਾਬ ਦੇ ਇੰਚਾਰਜ ਰਣਧੀਰ ਸਿੰਘ ਬੈਨੀਪਾਲ ਅਤੇ ਸੂਬਾ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਬਸਪਾ 14 ਦਸੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਵਲੋਂ ਰੱਖੀ ਮੋਗਾ ਰੈਲੀ 'ਚ ਸ਼ਮੂਲੀਅਤ ਕਰੇਗੀ।

# ਪਿੱਕਅਪ ਦੀ ਟੱਕਰ ਨਾਲ ਕਾਰ ਸਵਾਰ ਬੱਚੇ ਸਮੇਤ 3 ਮੌਤਾਂ



ਸੈਕਟਰ-89 ਵਿਖੇ ਹਾਦਸੇ ਦੌਰਾਨ ਨੁਕਸਾਨੀ ਕਾਰ। ਅਜੀਤ ਤਸਵੀਰ

ਐੱਸ. ਏ. ਐੱਸ. ਨਗਰ, 12 ਦਸੰਬਰ (ਜਸਬੀਰ ਸਿੰਘ ਜੱਸੀ)-ਥਾਣਾ ਸੋਹਾਣਾ ਅਧੀਨ ਪੈਂਦੇ ਸੈਕਟਰ-89 ਮੁਹਾਲੀ ਵਿਖੇ ਇਕ ਸਿਲੰਡਰਾਂ ਨਾਲ ਭਰੀ ਪਿਕਅੱਪ ਗੱਡੀ ਦੀ ਟੱਕਰ ਵੱਜਣ ਨਾਲ ਸਵਿਫਟ ਕਾਰ ਸਵਾਰ 1 ਬੱਚੇ ਸਮੇਤ ਤਿੰਨ ਮੌਤਾਂ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕਾਂ ਦੀ ਪਛਾਣ ਅਨੁਜ ਬਾਂਸਲ, ਕੀਰਤੀ ਗੁਪਤਾ ਅਤੇ 6 ਸਾਲ ਦੇ ਨਵਾਸ ਗੁਪਤਾ ਵਜੋਂ ਹੋਈ ਹੈ। ਇਸ ਸੰਬੰਧੀ ਜਾਂਚ ਅਧਿਕਾਰੀ ਸੰਜੇ ਕੁਮਾਰ ਨੇ ਦੱਸਿਆ ਕਿ ਅਨੁਜ ਬਾਂਸਲ ਆਪਣੇ ਰਿਸ਼ਤੇਦਾਰਾਂ ਨਾਲ ਲਹਿਰਾਗਾਗਾ ਤੋਂ ਸੈਕਟਰ-94 ਮੁਹਾਲੀ ਵਿਖੇ ਆ ਰਿਹਾ ਸੀ। ਜਦੋਂ ਸੈਕਟਰ-89 ਭਾਗੋਮਾਜਰਾ ਦੇ ਚੋਰਾਹੇ ਕੋਲ ਪਹੁੰਚਿਆ ਤਾਂ ਤੇਜ਼ ਰਫ਼ਤਾਰ ਸਿਲੰਡਰਾਂ ਵਾਲੀ ਪਿਕਅੱਪ ਗੱਡੀ ਨੇ ਕਾਰ ਨੂੰ ਟੱਕਰ ਮਾਰ ਦਿੱਤੀ। ਟੱਕਰ ਏਨੀ ਜ਼ਬਰਦਸਤ ਸੀ ਕਿ ਜਿਥੇ ਪਿਕਅੱਪ ਗੱਡੀ ਪਲਟ ਗਈ, ਉਥੇ ਕਾਰ ਵੀ ਬੁਰੀ ਤਰ੍ਹਾਂ ਨੁਕਸਾਨੀ ਗਈ। ਹਾਦਸੇ ਤੋਂ ਬਾਅਦ ਰਾਹਗੀਰਾਂ ਨੇ ਕਾਰ ਸਵਾਰ ਜ਼ਖ਼ਮੀਆਂ ਨੂੰ ਬੜੀ ਮੁਸ਼ੱਕਤ ਨਾਲ ਬਾਹਰ ਕੱਢਿਆ। ਕੀਰਤੀ ਗੁਪਤਾ ਅਤੇ ਨਵਾਸ ਗੁਪਤਾ ਨੂੰ ਇਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿਥੇ ਡਾਕਟਰਾਂ ਨੇ ਦੋਵਾਂ ਨੂੰ ਮ੍ਰਿਤਕ ਐਲਾਨ ਦਿੱਤਾ, ਜਦੋਂ ਕਿ ਅਨੁਜ ਬਾਂਸਲ ਨੂੰ ਸਿਵਲ ਹਸਪਤਾਲ ਦੇ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ। ਉਨ੍ਹਾਂ ਦੱਸਿਆ ਕਿ ਪਿਕਅੱਪ ਗੱਡੀ ਚਾਲਕ ਵੀ ਜ਼ਖ਼ਮੀ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਮੋਰਚਰੀ 'ਚ ਰਖਵਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਸੂਚਨਾ ਦੇ ਦਿੱਤੀ ਗਈ ਹੈ। ਵਾਰਸਾਂ ਦੇ ਆਉਣ ਉਪਰੰਤ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਧਾਰਮਿਕ ਸਮਾਗਮ ਉਪਰੰਤ ਰਾਣਾ ਇੰਦਰ ਪ੍ਰਤਾਪ ਸਿੰਘ ਦੇ ਚੋਣ ਦਫ਼ਤਰ ਦਾ ਉਦਘਾਟਨ

### ਵੱਡੀ ਗਿਣਤੀ 'ਚ ਲੋਕਾਂ ਨੇ ਹਲਕੇ ਤੋਂ ਟਿਕਟ ਦੇਣ ਦੀ ਕੀਤੀ ਮੰਗ

ਸੁਲਤਾਨਪੁਰ ਲੋਧੀ, 12 ਦਸੰਬਰ (ਨਰੇਸ਼ ਹੈਪੀ, ਥਿੰਦ)-ਕੈਬਨਿਟ ਮੰਤਰੀ ਰਾਣਾ ਗੁਰਜੀਤ ਸਿੰਘ ਦੇ ਪੁੱਤਰ ਰਾਣਾ ਇੰਦਰ ਪ੍ਰਤਾਪ ਸਿੰਘ ਦੇ ਚੋਣ ਦਫ਼ਤਰ ਦੇ ਅੱਜ ਉਦਘਾਟਨ ਮੌਕੇ ਪ੍ਰਭਾਵਸ਼ਾਲੀ ਇਕੱਠ ਵੇਖਣ ਨੂੰ ਮਿਲਿਆ। ਇਸ ਮੌਕੇ ਹਲਕੇ ਦੇ ਤਿੰਨ ਹਜ਼ਾਰ ਤੋਂ ਵੱਧ ਕਾਂਗਰਸੀ ਆਗੂਆਂ, ਵਰਕਰਾਂ, ਪੰਚਾਂ, ਸਰਪੰਚਾਂ, ਬਲਾਕ ਸੰਮਤੀ ਮੈਂਬਰਾਂ ਤੇ ਆਮ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਭਾਈ ਕੁਲਬੀਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਕੀਰਤਨ ਕੀਤਾ। ਰਾਣਾ ਇੰਦਰ ਪ੍ਰਤਾਪ ਸਿੰਘ ਨੇ ਇਸ ਮੌਕੇ ਸ਼ਮੂਲੀਅਤ ਕਰਨ ਵਾਲੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮੌਜੂਦਾ ਹਲਕਾ ਵਿਧਾਇਕ ਨੇ ਕਾਂਗਰਸ ਪਾਰਟੀ ਦਾ ਅਕਸ ਖ਼ਰਾਬ ਕੀਤਾ ਹੈ, ਲੋਕ ਡਰ ਤੇ ਦਹਿਸ਼ਤ ਦੇ ਮਾਹੌਲ ਵਿਚ ਹਨ, ਲੋਕਾਂ ਨਾਲ ਧੱਕੇਸ਼ਾਹੀ ਹੋਈ ਹੈ, ਜਿਸ ਨੂੰ ਸਹਿਣ ਨਹੀਂ ਕੀਤਾ ਜਾਵੇਗਾ। ਰਾਣਾ ਇੰਦਰਪ੍ਰਤਾਪ ਨੇ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਡਰ ਰਹਿਤ, ਸਾਫ਼ ਸੁਥਰਾ ਪ੍ਰਸ਼ਾਸਨ ਦਿੱਤਾ ਜਾਵੇਗਾ ਤੇ ਕਿਸੇ ਨਾਲ ਕੋਈ ਧੱਕੇਸ਼ਾਹੀ ਨਹੀਂ ਹੋਵੇਗੀ। ਇਸ ਮੌਕੇ ਹਾਜ਼ਰ ਪ੍ਰਮੁੱਖ ਕਾਂਗਰਸੀ ਆਗੂਆਂ ਨੇ ਪਾਰਟੀ ਹਾਈਕਮਾਨ ਨੂੰ ਅਪੀਲ ਕੀਤੀ ਕਿ ਉਹ ਰਾਣਾ ਇੰਦਰਪ੍ਰਤਾਪ ਨੂੰ ਸੁਲਤਾਨਪੁਰ ਲੋਧੀ ਹਲਕੇ ਤੋਂ ਵਿਧਾਨ ਸਭਾ ਦੀ ਟਿਕਟ ਦੇਣ ਤੇ ਉਹ ਸ਼ਾਨ ਨਾਲ ਉਨ੍ਹਾਂ ਨੂੰ ਜਿਤਾਉਣਗੇ। ਸਮਾਗਮ 'ਚ ਟਕਸਾਲੀ

(ਬਾਕੀ ਸਫ਼ਾ 10 'ਤੇ)



ਫ਼ਤਹਿਗੜ੍ਹ ਸਾਹਿਬ ਵਿਖੇ ਬਾਬਾ ਬਲਬੀਰ ਸਿੰਘ ਕਿਸਾਨ ਫ਼ਤਹਿ ਮਾਰਚ ਦੌਰਾਨ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦਾ ਸਨਮਾਨ ਕਰਨ ਸਮੇਂ। ਤਸਵੀਰ: ਕਰਨ




ਫਿਲੌਰ ਵਿਖੇ ਚੰਨੀ ਸਰਕਾਰ ਖ਼ਿਲਾਫ ਰੋਸ ਪ੍ਰਦਰਸ਼ਨ ਕਰ ਰਹੇ ਪੇਂਡੂ ਤੇ ਖੇਤ ਮਜ਼ਦੂਰ। ਅਜੀਤ ਤਸਵੀਰ

# ਕਰਜ਼ੇ ਤੋਂ ਸਤਾਏ ਕਿਸਾਨ ਵਲੋਂ ਖ਼ੁਦਕੁਸ਼ੀ



ਬਿੱਕਰ ਸਿੰਘ ਦੀ ਪੁਰਾਣੀ ਤਸਵੀਰ।

ਸੁਨਾਮ ਊਧਮ ਸਿੰਘ ਵਾਲਾ, 12 ਦਸੰਬਰ (ਧਾਲੀਵਾਲ, ਭੁੱਲਰ)- ਕਰਜ਼ੇ ਦੇ ਸਤਾਏ ਪਿੰਡ ਸ਼ਾਦੀਹਰੀ ਦੇ ਇਕ ਕਿਸਾਨ ਵਲੋਂ ਕੋਈ ਜ਼ਹਿਰੀਲੀ ਵਸਤੂ ਨਿਗਲ ਕੇ ਖੁਦਕੁਸ਼ੀ ਕਰ ਲੈਣ ਦੀ ਖ਼ਬਰ ਹੈ। ਸਥਾਨਕ ਸਿਵਲ ਹਸਪਤਾਲ ਵਿਖੇ ਪੁਲਿਸ ਚੌਕੀ ਕੋਹਰੀਆਂ ਦੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਅਤੇ ਹੌਲਦਾਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਪਿੰਡ ਸ਼ਾਦੀਹਰੀ ਦਾ ਬਿੱਕਰ ਸਿੰਘ ਉਰਫ਼ ਵਿੱਕੀ (33) ਪੁੱਤਰ ਲਾਭ ਸਿੰਘ ਜੋ ਖੇਤੀਬਾੜੀ ਦੇ ਨਾਲ-ਨਾਲ ਸਹਾਇਕ ਧੰਦੇ ਵਜੋਂ ਦੁੱਧ ਦਾ ਕਾਰੋਬਾਰ ਕਰਦਾ ਸੀ ਪਰ ਖੇਤੀ ਅਤੇ ਦੁੱਧ ਦਾ ਧੰਦਾ ਬਹੁਤਾ ਲਾਹੇਵੰਦ ਨਾ ਹੋਣ ਕਾਰਨ ਉਸ ਦੇ ਸਿਰ ਲੱਖਾਂ ਰੁਪਏ ਦਾ ਕਰਜ਼ਾ ਹੋ ਗਿਆ, ਜਿਸ ਕਾਰਨ ਉਹ ਪ੍ਰੇਸ਼ਾਨ ਰਹਿੰਦਾ ਸੀ ਤੇ ਅੱਜ ਸਵੇਰੇ ਕਰੀਬ ਸਾਢੇ ਕੁ ਸੱਤ ਵਜੇ ਕੋਈ ਜ਼ਹਿਰੀਲੀ ਚੀਜ਼ ਖਾ ਲਈ। ਉਸ ਨੂੰ ਤੁਰੰਤ ਸੁਨਾਮ ਹਸਪਤਾਲ ਲਿਆਂਦਾ ਗਿਆ ਜਿਥੇ ਉਸ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਪੁਲਿਸ ਵਲੋਂ ਮ੍ਰਿਤਕ ਦੀ ਪਤਨੀ ਬੱਬਲਜੀਤ ਕੌਰ ਦੇ ਬਿਆਨਾਂ 'ਤੇ 174 ਦੀ ਕਾਰਵਾਈ ਅਮਲ ਵਿਚ ਲਿਆ ਕੇ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ।

# ਫ਼ਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਸ਼ਹੀਦਾਂ ਨੂੰ ਨਤਮਸਤਕ ਹੋਣ ਉਪਰੰਤ ਕਿਸਾਨ ਫ਼ਤਹਿ ਮਾਰਚ ਅਗਲੇ ਪੜਾਅ ਲਈ ਰਵਾਨਾ

### ਬਾਬਾ ਬਲਬੀਰ ਸਿੰਘ ਨੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦਾ ਕੀਤਾ ਸਨਮਾਨ

ਫ਼ਤਹਿਗੜ੍ਹ ਸਾਹਿਬ, 12 ਦਸੰਬਰ (ਬਲਜਿੰਦਰ ਸਿੰਘ)-ਖੇਤੀ ਕਾਨੂੰਨਾਂ ਨੂੰ ਰੱਦ ਕਰਵਾਉਣ ਮਗਰੋਂ ਦਿੱਲੀ ਤੋਂ ਕਿਸਾਨ ਫ਼ਤਹਿ ਮਾਰਚ ਦੇ ਰੂਪ 'ਚ ਆਪਣੇ ਘਰਾਂ ਨੂੰ ਪਰਤੇ ਰਹੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ 'ਤੇ ਰਾਤ ਦਾ ਠਹਿਰਾਓ ਕਰਨ ਮਗਰੋਂ ਅੱਜ ਕੌਮ ਦੇ ਮਹਾਨ ਸ਼ਹੀਦਾਂ ਨੂੰ ਨਤਮਸਤਕ ਹੋਣ ਤੋਂ ਬਾਅਦ ਫ਼ਤਹਿ ਮਾਰਚ ਦੀ ਅਗਲੇ ਪੜਾਅ ਲਈ ਰਵਾਨਗੀ ਹੋਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡਗ੍ਰੰਥੀ ਗਿਆਨੀ ਹਰਪਾਲ ਸਿੰਘ ਖ਼ਾਲਸਾ ਨੇ ਕਿਸਾਨੀ ਜਿੱਤ ਦੀ ਖ਼ੁਸ਼ੀ 'ਚ ਸ਼ੁਕਰਾਨੇ ਅਤੇ ਪੰਥ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ, ਜਦੋਂਕਿ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ, ਬਾਬਾ ਮਨਮੋਹਨ ਸਿੰਘ ਮਕਾਰੋਂਪੁਰ ਵਾਲਿਆਂ ਦੀ ਅਗਵਾਈ ਹੇਠ ਸੰਯੁਕਤ ਕਿਸਾਨ ਮੋਰਚਾ ਦੇ ਪ੍ਰਮੁੱਖ ਆਗੂਆਂ ਸਮੇਤ ਕਿਸਾਨਾਂ ਨੂੰ ਸਿਰੋਪਾਓ ਅਤੇ ਲੋਈਆਂ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਖੇਤੀ ਕਾਨੂੰਨ ਰੱਦ ਕਰਵਾਉਣ 'ਚ ਮੋਹਰੀ ਭੂਮਿਕਾ ਨਿਭਾਉਣ ਬਦਲੇ ਪੰਜਾਬੀਆਂ ਖ਼ਾਸਕਰ ਸਿੱਖ ਕੌਮ ਦਾ ਵਿਸ਼ਵ ਭਰ 'ਚ ਮਾਣ ਨਾਲ ਸਿਰ ਉੱਚਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਇਕ ਸਾਲ ਤੋਂ ਚੱਲ ਰਹੇ ਕਿਸਾਨੀ

(ਬਾਕੀ ਸਫ਼ਾ 10 'ਤੇ)

# ਚੰਨੀ ਦੀ ਵਾਅਦਾ ਖ਼ਿਲਾਫ਼ੀ ਤੋਂ ਰੋਹ 'ਚ ਆਏ ਪੇਂਡੂ ਤੇ ਖੇਤ ਮਜ਼ਦੂਰਾਂ ਵਲੋਂ ਪੰਜਾਬ ਭਰ 'ਚ ਰੇਲਾਂ ਜਾਮ

### ਮਾਨਸਾ 'ਚ ਅਧਿਆਪਕਾਂ 'ਤੇ ਤਸ਼ੱਦਦ ਕਰਨ ਵਾਲੇ ਡੀ.ਐਸ.ਪੀ. 'ਤੇ ਕਾਰਵਾਈ ਦੀ ਮੰਗ

ਜਲੰਧਰ, 12 ਦਸੰਬਰ (ਜਸਪਾਲ ਸਿੰਘ)-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ 'ਤੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਬਿਜਲੀ ਦੇ ਪੁੱਟੇ ਮੀਟਰ ਬਿਨਾਂ ਸ਼ਰਤ ਜੋੜਨ, ਦਲਿਤਾਂ 'ਤੇ ਜ਼ਬਰ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਲਈ 'ਸਿੱਟ' ਦਾ ਗਠਨ ਕਰਨ ਅਤੇ ਕੋਆਪ੍ਰੇਟਿਵ ਸੁਸਾਇਟੀਆਂ 'ਚ ਮਜ਼ਦੂਰਾਂ ਲਈ 25 ਫ਼ੀਸਦੀ ਰਾਖਵਾਂਕਰਨ ਕਰਕੇ ਕਰਜ਼ਾ ਰਾਸ਼ੀ 50 ਹਜ਼ਾਰ ਰੁਪਏ ਕਰਨ ਆਦਿ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਪੰਜਾਬ ਭਰ 'ਚ ਅੱਜ 12 ਤੋਂ 4 ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ। ਇਹ ਜਾਮ ਅੰਮ੍ਰਿਤਸਰ ਤੋਂ ਦਿੱਲੀ ਰੂਟ ਮਾਨਾਂਵਾਲਾ (ਅੰਮ੍ਰਿਤਸਰ), ਢਿੱਲਵਾਂ (ਕਪੂਰਥਲਾ), ਫਿਲੌਰ, ਬਠਿੰਡਾ 'ਚ ਜੇਠੂਕੇ ਤੇ ਸੰਗਤ, ਮਾਨਸਾ, ਸੁਨਾਮ ( ਸੰਗਰੂਰ) ਸ੍ਰੀ ਮੁਕਤਸਰ ਸਾਹਿਬ ਦੇ ਗਿੱਦੜਬਾਹਾ, ਮੋਗਾ 'ਚ ਅਜੀਤਵਾਲ ਅਤੇ ਫ਼ਰੀਦਕੋਟ 'ਚ ਜੈਤੋ ਵਿਖੇ ਕੀਤਾ ਗਿਆ। ਜਾਮ ਸਮੇਂ ਮਰਦ ਮਜ਼ਦੂਰਾਂ ਸਮੇਤ ਔਰਤਾਂ ਵਲੋਂ ਵੀ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ

(ਬਾਕੀ ਸਫ਼ਾ 10 'ਤੇ)

# ਪੰਜਾਬ ਸਕੂਲ ਸਿੱਖਿਆ ਬੋਰਡ ਦੇ ਟਰਮ-1 ਦੀਆਂ ਪ੍ਰੀਖਿਆਵਾਂ ਅੱਜ ਤੋਂ

ਐੱਸ. ਏ. ਐੱਸ. ਨਗਰ, 12 ਦਸੰਬਰ (ਕੇ. ਐੱਸ. ਰਾਣਾ)-ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਾਰੀਆਂ ਕਲਾਸਾਂ ਦੇ ਟਰਮ 1 ਦੀਆਂ ਪ੍ਰੀਖਿਆਵਾਂ 13 ਦਸੰਬਰ ਤੋਂ ਸ਼ੁਰੂ ਹੋ ਰਹੀਆਂ ਹਨ। 10ਵੀਂ ਕਲਾਸ ਦੀ ਪ੍ਰੀਖਿਆ ਸਵੇਰੇ 10 (ਸਮਾਂ ਡੇਢ ਘੰਟਾ) ਵਜੇ ਅਤੇ 12ਵੀਂ ਦੀ ਪ੍ਰੀਖਿਆ ਦੁਪਹਿਰ 2 (ਸਮਾਂ ਡੇਢ ਘੰਟਾ) ਵਜੇ ਸ਼ੁਰੂ ਹੋਵੇਗੀ। ਇਸ ਤੋਂ ਇਲਾਵਾ 8ਵੀਂ ਦੀ ਪ੍ਰੀਖਿਆ ਸਵੇਰੇ 9 ਤੋਂ 12:15 ਵਜੇ ਤੱਕ ਹੋਵੇਗੀ। ਸਾਰੀਆਂ ਕਲਾਸਾਂ ਵਿਚ ਓ. ਐਮ. ਆਰ. ਸ਼ੀਟ ਦੇ ਵੇਰਵੇ ਭਰਨ ਲਈ 15 ਮਿੰਟ ਦਾ ਵਾਧੂ ਸਮਾਂ ਦਿੱਤਾ ਜਾਵੇਗਾ। ਬੋਰਡ ਵਲੋਂ ਪ੍ਰਸ਼ਨ ਪੱਤਰ ਦ ਡੱਬੇ ਭੇਜ ਦਿੱਤੇ ਗਏ ਹਨ। ਸੂਤਰਾਂ ਮੁਤਾਬਕ ਸਰਹੱਦੀ ਜ਼ਿਲ੍ਹੇ 'ਚ ਭੇਜਿਆ ਇਕ ਡੱਬਾ ਖਾਲੀ ਨਿਕਲਿਆ ਹੈ, ਜਿਸ ਵਿਚ ਪ੍ਰਸ਼ਨ ਪੱਤਰ ਨਹੀਂ ਸਨ। ਇਸ ਤੋਂ ਇਲਾਵਾ ਕਈ ਥਾਵਾਂ 'ਤੇ ਪ੍ਰਸ਼ਨ ਪੱਤਰ ਘੱਟ ਪਹੁੰਚਣ ਦੀ ਵੀ ਜਾਣਕਾਰੀ ਮਿਲੀ ਸੀ। ਬੋਰਡ ਵਲੋਂ ਤੁਰੰਤ ਆਪਣੇ ਮੁਲਾਜ਼ਮਾਂ ਨੂੰ ਭੇਜ ਕੇ ਸਾਰੇ ਥਾਵਾਂ 'ਤੇ ਪ੍ਰਸ਼ਨ ਪੱਤਰ ਪੂਰੇ ਕਰ ਦਿੱਤੇ ਗਏ ਹਨ।

## ਮੌਸਮ 13.12.2021

| ਚੰਡੀਗੜ੍ਹ | ਤਾਪਮਾਨ |
|---|---|
| ਵੱਧ ਤੋਂ ਵੱਧ | 21.0 ਸੈਂ: |
| ਘੱਟ ਤੋਂ ਘੱਟ | 9.0 ਸੈਂ: |

| ਅੰਮ੍ਰਿਤਸਰ | ਤਾਪਮਾਨ |
|---|---|
| ਵੱਧ ਤੋਂ ਵੱਧ | 22.0 ਸੈਂ: |
| ਘੱਟ ਤੋਂ ਘੱਟ | 6.0 ਸੈਂ: |

| ਜਲੰਧਰ | ਤਾਪਮਾਨ |
|---|---|
| ਵੱਧ ਤੋਂ ਵੱਧ | 21.0 ਸੈਂ: |
| ਘੱਟ ਤੋਂ ਘੱਟ | 6.0 ਸੈਂ: |

| ਬਠਿੰਡਾ | ਤਾਪਮਾਨ |
|---|---|
| ਵੱਧ ਤੋਂ ਵੱਧ | 25.4 ਸੈਂ: |
| ਘੱਟ ਤੋਂ ਘੱਟ | 5.2 ਸੈਂ: |

| ਲੁਧਿਆਣਾ | ਤਾਪਮਾਨ |
|---|---|
| ਵੱਧ ਤੋਂ ਵੱਧ | 21.0 ਸੈਂ: |
| ਘੱਟ ਤੋਂ ਘੱਟ | 6.0 ਸੈਂ: |

ਦਿਨ ਦੀ ਲੰਬਾਈ-10 ਘੰਟੇ 11 ਮਿੰਟ।

**ਭਵਿੱਖਬਾਣੀ**

ਆਉਣ ਵਾਲੇ 24 ਘੰਟਿਆਂ ਦੌਰਾਨ ਲੁਧਿਆਣਾ ਅਤੇ ਇਸ ਦੇ ਨਾਲ ਲਗਦੇ ਇਲਾਕਿਆਂ 'ਚ ਮੌਸਮ ਠੰਢਾ ਤੇ ਖੁਸ਼ਕ ਰਹਿਣ ਦੀ ਸੰਭਾਵਨਾ ਹੈ।

# 'ਆਪ' ਨੇ ਸਵੀਕਾਰ ਕੀਤੀ ਸਿਹਤ ਮੰਤਰੀ ਸੋਨੀ ਨਾਲ ਸਿਹਤ ਸੇਵਾਵਾਂ ਨੂੰ ਲੈ ਕੇ ਵਿਚਾਰ ਚਰਚਾ ਦੀ ਚੁਣੌਤੀ

### ਬਹਿਸ ਕਰਨ ਲਈ ਜਗ੍ਹਾ ਤੇ ਸਮਾਂ ਦੱਸੋ- ਅਮਨ ਅਰੋੜਾ, ਮੀਤ ਹੇਅਰ

ਚੰਡੀਗੜ੍ਹ, 12 ਦਸੰਬਰ (ਅਜੀਤ ਬਿਊਰੋ)-ਆਮ ਆਦਮੀ ਪਾਰਟੀ ਦੇ ਬੁਲਾਰੇ ਤੇ ਵਿਧਾਇਕ ਅਮਨ ਅਰੋੜਾ ਅਤੇ ਯੂਥ ਵਿੰਗ ਪੰਜਾਬ ਦੇ ਪ੍ਰਧਾਨ ਅਤੇ ਵਿਧਾਇਕ ਗੁਰਮੀਤ ਸਿੰਘ ਮੀਤ ਹੇਅਰ ਨੇ ਸਾਂਝੇ ਬਿਆਨ ਰਾਹੀਂ ਪੰਜਾਬ ਦੇ ਉਪ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਓ.ਪੀ. ਸੋਨੀ ਦੀ ਚੁਣੌਤੀ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਵਿਚਾਰ- ਚਰਚਾ ਲਈ ਮੰਤਰੀ ਸਾਬ ਆਪਣੀ ਪਸੰਦ ਦੀ ਜਗ੍ਹਾ, ਤਰੀਕ ਚੁਣ ਕੇ ਦੱਸ ਦੇਣ। ਸੋਨੀ ਨੇ ਆਮ ਆਦਮੀ ਪਾਰਟੀ ਨੂੰ ਪੰਜਾਬ ਅਤੇ ਦਿੱਲੀ ਦੀ ਸਿਹਤ ਪ੍ਰਣਾਲੀ 'ਤੇ ਬਹਿਸ ਲਈ ਚੁਣੌਤੀ ਦਿੱਤੀ ਸੀ, ਤਾਂ ਜੋ ਪਤਾ ਲੱਗ ਸਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ 'ਚ ਸਿਹਤ ਸੇਵਾਵਾਂ 'ਚ ਕੀ ਸੁਧਾਰ ਕੀਤੇ ਹਨ। ਅਮਨ ਅਰੋੜਾ ਨੇ ਸਿਹਤ ਮੰਤਰੀ ਸੋਨੀ ਦੇ ਅੰਕੜਿਆਂ ਨੂੰ ਗ਼ਲਤ ਦੱਸਿਆ। ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਅਤੇ ਦਿੱਲੀ ਦੀ ਸਿਹਤ ਸੇਵਾਵਾਂ ਤੁਲਨਾ ਕਰਨ ਦੀ ਛੇਤੀ 'ਚ ਸੋਨੀ ਇਹ ਭੁੱਲ ਗਏ ਕਿ ਪੰਜਾਬ ਦੀ ਸਿਹਤ ਵਿਵਸਥਾ ਰਾਸ਼ਟਰੀ ਪੱਧਰ 'ਤੇ ਨਿਰਧਾਰਤ ਮਾਪਦੰਡਾਂ ਅਤੇ ਡਬਲਯੂ.ਐਚ.ਓ. ਦੇ ਮਿਆਰਾਂ 'ਤੇ ਖਰੀ ਨਹੀਂ ਉੱਤਰਦੀ। ਵਿਧਾਇਕ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਿਹਤ ਮੰਤਰੀ ਦੀ ਚੁਣੌਤੀ ਦਾ ਸਵਾਗਤ ਕਰਦੀ ਹੈ, ਕਿਉਂਕਿ ਇਸ ਤਰ੍ਹਾਂ ਦੇ ਲੋਕ ਮੁੱਦਿਆਂ 'ਤੇ ਵਿਆਪਕ ਚਰਚਾ ਹੋਣੀ ਚਾਹੀਦੀ ਹੈ ਤੇ ਉਮੀਦ ਹੈ ਸੋਨੀ ਬਹਿਸ ਵਿਚ ਜ਼ਰੂਰ ਹਿੱਸਾ ਲੈਣਗੇ।

## ਕੋਰੋਨਾ ਦੇ 42 ਨਵੇਂ ਮਾਮਲੇ, 46 ਮਰੀਜ਼ ਹੋਏ ਠੀਕ

ਚੰਡੀਗੜ੍ਹ, 12 ਦਸੰਬਰ (ਅਜੀਤ ਬਿਊਰੋ)- ਪੰਜਾਬ ਵਿਚ ਅੱਜ ਕੋਰੋਨਾ ਦੇ 42 ਨਵੇਂ ਮਾਮਲੇ ਆਏ ਹਨ ਜਦਕਿ 46 ਮਰੀਜ਼ ਸਿਹਤਯਾਬ ਹੋਏ ਹਨ। ਅੱਜ ਕੋਰੋਨਾ ਕਰਕੇ ਕੋਈ ਨਵੀਂ ਮੌਤ ਨਹੀਂ ਹੋਈ। ਨਵੇਂ ਮਾਮਲਿਆਂ 'ਚ ਹੁਸ਼ਿਆਰਪੁਰ ਤੋਂ 9, ਪਠਾਨਕੋਟ ਤੋਂ 7, ਲੁਧਿਆਣਾ ਤੋਂ 5, ਗੁਰਦਾਸਪੁਰ ਤੋਂ 4, ਕਪੂਰਥਲਾ ਤੋਂ 4, ਐਸ.ਏ.ਐਸ. ਨਗਰ ਤੋਂ 3, ਅੰਮ੍ਰਿਤਸਰ ਤੋਂ 2, ਫ਼ਰੀਦਕੋਟ ਤੋਂ 2, ਮੁਕਤਸਰ ਤੋਂ 2, ਬਰਨਾਲਾ ਤੋਂ 1, ਬਠਿੰਡਾ ਤੋਂ 1, ਫ਼ਾਜ਼ਿਲਕਾ ਤੋਂ 1 ਅਤੇ ਪਟਿਆਲਾ ਤੋਂ 1 ਨਵਾਂ ਮਾਮਲਾ ਸ਼ਾਮਿਲ ਹੈ।

# ਸੁਲਤਾਨਪੁਰ ਲੋਧੀ ਹਲਕੇ 'ਚ 2022 'ਚ ਹੋਣ ਵਾਲੀ ਵਿਧਾਨ ਸਭਾ ਚੋਣ 'ਚ ਹੋਣਗੇ ਚਾਰ ਕੋਨੇ ਮੁਕਾਬਲੇ

### ਕਾਂਗਰਸ, ਅਕਾਲੀ ਦਲ ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਭਵਿੱਖ ਤੈਅ ਕਰੇਗੀ ਇਹ ਚੋਣ

**ਅਮਰਜੀਤ ਕੋਮਲ**



ਨਵਤੇਜ ਸਿੰਘ ਚੀਮਾ



ਕੈਪਟਨ ਹਰਮਿੰਦਰ ਸਿੰਘ



ਰਾਣਾ ਇੰਦਰ ਪ੍ਰਤਾਪ ਸਿੰਘ



ਸੱਜਣ ਸਿੰਘ ਚੀਮਾ



ਸੁਖਵੰਤ ਸਿੰਘ ਪੱਡਾ

ਕਪੂਰਥਲਾ, 12 ਦਸੰਬਰ -ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ 'ਚ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਦਿਲਚਸਪ ਮੁਕਾਬਲੇ ਹੋਣ ਦੇ ਆਸਾਰ ਹਨ, ਕਿਉਂਕਿ ਇਸ ਸੀਟ ਤੋਂ ਕਾਂਗਰਸ ਦੇ ਦੋ ਵਾਰ ਵਿਧਾਇਕ ਰਹਿ ਚੁੱਕੇ ਨਵਤੇਜ ਸਿੰਘ ਚੀਮਾ ਨੂੰ ਇਸ ਚੋਣ ਵਿਚ ਕੈਬਨਿਟ ਮੰਤਰੀ ਰਾਣਾ ਗੁਰਜੀਤ ਸਿੰਘ ਦੇ ਸਪੁੱਤਰ ਰਾਣਾ ਇੰਦਰ ਪ੍ਰਤਾਪ ਸਿੰਘ ਤਕੜੀ ਚੁਣੌਤੀ ਦੇ ਰਹੇ ਹਨ। ਹਲਕੇ ਤੋਂ ਅਕਾਲੀ ਬਸਪਾ ਗੱਠਜੋੜ ਦੇ ਉਮੀਦਵਾਰ ਕੈਪਟਨ ਹਰਮਿੰਦਰ ਸਿੰਘ ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਅਰਜਨਾ ਐਵਾਰਡੀ ਤੇ ਕਪੂਰਥਲਾ ਵਿਧਾਨ ਸਭਾ ਹਲਕੇ ਤੋਂ 2017 ਵਿਚ 'ਆਪ' ਦੇ ਉਮੀਦਵਾਰ ਰਹੇ ਸੁਖਵੰਤ ਸਿੰਘ ਪੱਡਾ ਵੀ 'ਆਪ' ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਹਨ। ਕਾਂਗਰਸ ਤੇ ਆਮ ਆਦਮੀ ਪਾਰਟੀ ਵਲੋਂ ਉਮੀਦਵਾਰਾਂ ਦੇ ਐਲਾਨ ਉਪਰੰਤ ਹਲਕੇ 'ਚ ਚਾਰ ਕੋਨਾ ਮੁਕਾਬਲਾ ਹੋਵੇਗਾ। ਜਿੱਥੋਂ ਤੱਕ ਕਾਂਗਰਸ ਵਿਧਾਇਕ ਨਵਤੇਜ ਸਿੰਘ ਚੀਮਾ ਦਾ ਸਵਾਲ ਹੈ, ਉਹ 2012 ਤੇ 2017 ਦੀਆਂ ਵਿਧਾਨ ਸਭਾ ਚੋਣਾਂ ਵਿਚ ਇਸ ਹਲਕੇ ਤੋਂ ਸਾਬਕਾ ਵਿੱਤ ਮੰਤਰੀ ਡਾ: ਉਪਿੰਦਰਜੀਤ ਕੌਰ ਨੂੰ ਹਰਾ ਚੁੱਕੇ ਹਨ। ਨਾਮਧਾਰੀ ਸੰਪਰਦਾ ਨਾਲ ਸਬੰਧਿਤ ਤੇ ਮੌਜੂਦਾ ਐਮ.ਐਲ.ਏ. ਹੋਣ ਕਾਰਨ ਹਲਕੇ ਤੋਂ ਕਾਂਗਰਸੀ ਟਿਕਟ ਉਨ੍ਹਾਂ ਨੂੰ ਹੀ ਮਿਲੇਗੀ ਤੇ ਉਹ ਜੇਤੂ ਰਹਿ ਕੇ ਹੈਟ੍ਰਿਕ ਬਣਾਉਣਗੇ। ਉਹ ਹਲਕੇ ਵਿਚ ਵਿਕਾਸ ਕਾਰਜ ਕਰਵਾਉਣ ਦਾ ਦਾਅਵਾ ਕਰ ਰਹੇ ਹਨ, ਦੂਜੇ ਪਾਸੇ ਅਕਾਲੀ ਦਲ,

(ਬਾਕੀ ਸਫ਼ਾ 10 'ਤੇ)